# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :15-04-2026**

ਇਨਫੋਰਸਮੈਂਟ ਡਾਇਰੈਕਟੋਰੇਟ (ED) ਦੀ ਟੀਮ ਅੱਜ ਜਲੰਧਰ ਅਤੇ ਫਗਵਾੜਾ ਵਿੱਚ ਲਵਲੀ ਗਰੁੱਪ ਦੀਆਂ ਕਈ ਸੰਪਤੀਆਂ 'ਤੇ ਛਾਪੇਮਾਰੀ ਕਰ ਰਹੀ ਏ। ਇਸ ਗਰੁੱਪ ਦੇ ਮੁਖੀ ਆਮ ਆਦਮੀ ਪਾਰਟੀ ਦੇ ਪੰਜਾਬ ਤੋਂ ਸੰਸਦ ਮੈਂਬਰ ਅਸ਼ੋਕ ਮਿੱਤਲ ਨੇ, ਜਿਨ੍ਹਾਂ ਨੂੰ ਹਾਲ ਹੀ ਵਿੱਚ ਰਾਜ ਸਭਾ ਵਿਚ ਵਿਰੋਧੀ ਧਿਰ ਦੇ ਡਿਪਟੀ ਲੀਡਰ ਬਣਾਇਆ ਗਿਆ ਏ। ਹੁਣ ਤਕ ਮਿਲੀਆਂ ਰਿਪੋਰਟਾਂ ਮੁਤਾਬਿਕ ਸ੍ਰੀ ਮਿੱਤਲ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਦੀਆਂ ਰਿਹਾਇਸਾਂ ਅਤੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਸਮੇਤ ਕਈ ਥਾਵਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਏ।

---------------------------------------------------

ਬੀਤੀ ਦੇਰ ਰਾਤ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਇਕ ਬੱਸ ਪਲਟਣ ਕਾਰਨ 8 ਸ਼ਰਧਾਲੂਆਂ ਦੀ ਮੌਤ ਹੋ ਗਈ ਤੇ ਕਈ ਜ਼ਖ਼ਮੀ ਹੋ ਗਏ ਨੇ।

ਫਤਿਹਗੜ੍ਹ ਸਾਹਿਬ ਤੋਂ ਸਾਡੇ ਪੱਤਰਕਾਰ ਗੁਰਪ੍ਰੀਤ ਸਿੰਘ ਮਹਿਕ ਨੇ ਜਾਣਕਾਰੀ ਦਿੱਤੀ ਏ ਕਿ ਇਹ ਬੱਸ ਵਿਸਾਖੀ ਮੌਕੇ ਸ਼੍ਰੀ ਆਨੰਦਪੁਰ

ਸਾਹਿਬ ਵਿਖੇ ਮੱਥਾ ਟੇਕਣ ਗਏ ਸ਼ਰਧਾਲੂਆਂ ਨੂੰ ਲੈ ਕੇ ਵਾਪਿਸ ਪਿੰਡ ਮੈਣ ਮਾਜਰੀ ਪਰਤ ਰਹੀ ਸੀ ਜਦੋਂ ਦੇਰ ਰਾਤ ਹਾਦਸਾ ਵਾਪਰ ਗਿਆ। ਹਾਦਸੇ ਵਿਚ ਜ਼ਖਮੀ ਹੋਏ ਸ਼ਰਧਾਲੂਆਂ ਨੂੰ ਵੱਖ-ਵੱਖ ਹਸਪਤਾਲਾਂ ਵਿਚ ਦਾਖਲ ਕਰਵਾਇਆ ਗਿਆ ਏ ਜਿਨ੍ਹਾਂ ਵਿਚੋਂ ਕਈਆਂ ਦੀ ਹਾਲਤ ਗੰਭੀਰ ਬਣੀ ਹੋਈ ਏ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਏ। ਸੋਸ਼ਲ ਮੀਡੀਆ ਪੋਸਟਾਂ ਵਿੱਚ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ ਏ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵੀ ਬੱਸ ਹਾਦਸੇ ਤੇ ਦੁੱਖ ਪ੍ਰਰਗਟ ਕੀਤਾ ਏ। ਰਾਜਪਾਲ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਡੂੰਘੀ ਸੰਵੇਦਨਾ ਜ਼ਾਹਰ ਕੀਤੀ ਏ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਾਦਸੇ ਤੇ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਇਸ ਭਿਆਨਕ ਹਾਦਸੇ ਵਿਚ ਅਕਾਲ ਚਲਾਣਾ ਕਰ ਗਏ ਸ਼ਰਧਾਲੂਆਂ ਦੇ ਪਰਿਵਾਰਾਂ ਲਈ ਇਹ ਬੇਹੱਦ ਦੁਖਦਾਈ ਸਮਾਂ ਏ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬੀਤੇ ਕੱਲ੍ਹ ਜਲੰਧਰ

ਸਥਿਤ ਡੀ.ਏ.ਵੀ. ਕਾਲਜ ਦੇ 90ਵੇਂ ਇਨਾਮ ਵੰਡ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰ ਕੇ ਦੇਸ਼ ਨੂੰ ਵਿਕਸਿਤ ਬਣਾਉਣ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ ਏ। ਰਾਜਪਾਲ ਨੇ ਸੰਪੂਰਨ ਸਿੱਖਿਆ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਗਿਆਨ ਉਹੀ ਸਾਰਥਕ ਏ, ਜਿਸ ਨਾਲ ਵਿਕਸਿਤ ਮਾਨਸਿਕਤਾ ਤਿਆਰ ਹੁੰਦੀ ਏ। ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਹਾਸਲ ਕਰਨ, ਅਨੁਸ਼ਾਸਿਤ ਰਹਿਣ, ਨੈਤਿਕ ਜੀਵਨ ਜਿਊਣ ਅਤੇ ਸਮਾਜ ਦੀ ਸੇਵਾ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਅਧਿਆਪਕਾਂ ਦੀ ਭੂਮਿਕਾ ਬੜੀ ਅਹਿਮ ਹੁੰਦੀ ਏ। ਅਧਿਆਪਕ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਲਈ ਸਮਾਜ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਰਾਹ ਵੀ ਪੱਧਰਾ ਕਰਦਾ ਏ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਵਿਕਸਿਤ ਬਣਾਉਣ ਵਿੱਚ ਸਿੱਖਿਆ ਸੰਸਥਾਵਾਂ ਮਹੱਤਵਪੂਰਨ ਰੋਲ ਅਦਾ ਕਰ ਸਕਦੀਆਂ ਨੇ। ਅੱਜ ਦੇ ਤਕਨੀਕੀ ਅਤੇ ਏ.ਆਈ ਦੇ ਯੁੱਗ ਵਿੱਚ ਲੋੜ ਏ ਕਿ ਸਿੱਖਿਆ ਸੰਸਥਾਵਾਂ ਅਜੋਕੇ ਸਮੇਂ ਦੀ ਜ਼ਰੂਰਤ ਅਨੁਸਾਰ ਵਿਦਿਆਰਥੀਆਂ ਨੂੰ ਤਿਆਰ ਕਰਨ। ਰਾਜਪਾਲ ਨੇ ਵਿਦਿਆਰਥੀਆਂ ਨੂੰ ਹੁਨਰ ਸਿਖ਼ਲਾਈ ਪ੍ਰਦਾਨ ਕਰਨ ’ਤੇ ਵੀ ਜ਼ੋਰ ਦਿੱਤਾ।

---------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਕੱਲ੍ਹ ਜਲੰਧਰ ਦੇ ਆਦਮਪੁਰ ਵਿਖੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕੀਤੀ ਏ। ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ ਸੂਬੇ ਭਰ ਦੀਆਂ ਔਰਤਾਂ ਨੂੰ 1000 ਤੋਂ 1500 ਰੁਪਏ ਤੱਕ ਦੀ ਮਾਸਿਕ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਸੂਬੇ ਵਿਚ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਸਿਰਫ ਤਿੰਨ ਦਸਤਾਵੇਜ਼ਾਂ ਨਾਲ ਇਸ ਯੋਜਨਾ ਦਾ ਲਾਭ ਲੈ ਸਕਦੀਆਂ ਨੇ। ਕੈਂਪਾਂ ਅਤੇ ਸਹਾਇਕ ਸਟਾਫ ਦੇ ਇੱਕ ਵਿਸ਼ਾਲ ਨੈੱਟਵਰਕ ਰਾਹੀਂ ਔਰਤਾਂ ਨੂੰ ਉਨ੍ਹਾਂ ਦੇ ਘਰ ਹੀ ਸਹੂਲਤ ਪ੍ਰਦਾਨ ਕਰਨ ਦਾ ਪ੍ਰਬੰਧ ਕੀਤਾ ਗਿਆ ਏ। ਮੁੱਖ ਮੰਤਰੀ ਨੇ ਕਿਹਾ ਕਿ ਇਹ ਯੋਜਨਾ ਪਹਿਲਾਂ 9 ਹਲਕਿਆਂ ਵਿੱਚ ਸ਼ੁਰੂ ਕੀਤੀ ਜਾਵੇਗੀ ਅਤੇ 15 ਮਈ ਤੋਂ ਇਸ ਦਾ ਵਿਸਥਾਰ ਬਾਕੀ 108 ਹਲਕਿਆਂ ਵਿੱਚ ਕੀਤਾ ਜਾਵੇਗਾ। ਸਕੀਮ ਦਾ ਭੁਗਤਾਨ ਜੁਲਾਈ ਤੋਂ ਸ਼ੁਰੂ ਜਾਵੇਗਾ ਅਤੇ ਰਜਿਸਟ੍ਰੇਸ਼ਨ ਲਈ ਕੋਈ ਸਮਾਂ ਸੀਮਾ ਨਹੀਂ ਹੋਵੇਗੀ। ਇਸ ਨਾਲ ਹਰ ਯੋਗ ਔਰਤ ਨੂੰ ਲਾਭ ਦੀ ਗਰੰਟੀ ਪ੍ਰਦਾਨ ਕੀਤੀ ਗਈ ਹੈ ਭਾਵੇਂ ਉਹ ਕਦੋਂ ਵੀ ਰਜਿਸਟਰੇਸ਼ਨ ਕਰਵਾਉਣ। 26 ਹਜ਼ਾਰ ਰਜਿਸਟ੍ਰੇਸ਼ਨ ਕੇਂਦਰਾਂ ਅਤੇ ਹਰ ਪਿੰਡ ਅਤੇ ਵਾਰਡ ਵਿੱਚ ਤਾਇਨਾਤ ਸਮਰਪਿਤ ਮਹਿਲਾ ਸਤਿਕਾਰ ਸਖੀਆਂ ਦੇ ਨਾਲ ਇਸ

ਯੋਜਨਾ ਨੂੰ ਵੱਡੇ ਪੱਧਰ 'ਤੇ ਲਾਗੂ ਕਰਨ, ਬਿਹਤਰ ਪਹੁੰਚ ਯਕੀਨੀ ਬਣਾਉਣ ਅਤੇ ਨਿਸ਼ਚਤਤਾ ਲਈ ਤਿਆਰ ਕੀਤਾ ਗਿਆ ਏ।

----------------------------------------------------

ਕੇਂਦਰ ਸਰਕਾਰ ਦੀਆਂ ਟੀਮਾਂ ਵਲੋਂ ਬੀਤੇ ਦਿਨੀਂ ਪੰਜਾਬ ‘ਚ ਹੋਈ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਕਣਕ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਸੂਬੇ ਦੇ ਵੱਖ – ਵੱਖ ਇਲਾਕਿਆਂ ਦਾ ਦੌਰਾ ਕੀਤਾ ਜਾ ਰਿਹਾ ਏ| ਇਸੇ ਸੰਬਧ ‘ਚ ਮਾਨਸਾ ਦੇ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਅੱਜ ਕੇਂਦਰੀ ਟੀਮ ਨਾਲ ਕੀਤਾ ਭੀਖੀ ਦੀ ਅਨਾਜ ਮੰਡੀ ਦਾ ਦੌਰਾ ਕੀਤਾ । ਕੇਂਦਰੀ ਟੀਮ ਨੇ ਵੱਖ-ਵੱਖ ਕਣਕ ਦੀਆਂ ਢੇਰੀਆਂ ਤੋਂ ਸੈਂਪਲਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਨਮੂਨੇ ਲੈਬ ਵਿਚ ਟੈਸਟ ਹੋਣ ਤੋਂ ਬਾਅਦ ਕੇਂਦਰ ਸਰਕਾਰ ਦੇ ਖ਼ਰੀਦ ਸਬੰਧੀ ਫੈਸਲੇ ਲਏ ਜਾਣੇ ਨੇ। ਕੇਂਦਰੀ ਟੀਮ ਵੱਲੋਂ ਗੁਰਦਾਸਪੁਰ ਦੀਆਂ ਦਾਣਾ ਮੰਡੀਆਂ ਦਾ ਵੀ ਦੌਰਾ ਕੀਤਾ ਗਿਆ। ਇਸ ਦੌਰਾਨ ਟੀਮ ਨੇ ਮੰਡੀਆਂ ਵਿੱਚ ਪਹੁੰਚੀ ਕਣਕ ਦੀ ਗੁਣਵੱਤਾ ਦੀ ਜਾਂਚ ਕੀਤੀ ਅਤੇ ਅਗਲੇਰੀ ਕਾਰਵਾਈ ਲਈ ਨਮੂਨੇ ਇਕੱਤਰ ਕੀਤੇ। ਕੇਂਦਰੀ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਇਹ ਸੈਂਪਲ ਜਾਂਚ ਲਈ ਲੈਬਾਰਟਰੀ ਭੇਜੇ ਜਾਣਗੇ ਅਤੇ ਰਿਪੋਰਟ ਦੇ ਆਧਾਰ 'ਤੇ ਕੇਂਦਰ ਸਰਕਾਰ ਨੂੰ ਜਲਦ ਤੋਂ ਜਲਦ ਸਿਫਾਰਸ਼ਾਂ ਭੇਜੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ

ਕਿਸਾਨਾਂ ਨੂੰ ਵੱਧ ਤੋਂ ਵੱਧ ਰਾਹਤ ਪਹੁੰਚਾਉਣਾ ਏ ਤਾਂ ਜੋ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ।

---------------------------------------------------------------

ਪੰਜਾਬ ਵਿਧਾਨ ਸਭਾ ਸਪੀਕਰ ਦੇ ਸ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਸੰਧਵਾਂ ਅਤੇ ਪਿੰਡ ਕੋਠੇ ਗੱਜਣ ਸਿੰਘ ਵਿੱਚ ਅੱਗ ਲੱਗਣ ਕਾਰਨ ਕਣਕ ਦੀ ਫ਼ਸਲ ਦੇ ਹੋਏ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ। ਉਨ੍ਹਾਂ ਐਸਡੀਐਮ ਕੋਟਕਪੂਰਾ ਨੂੰ ਤੁਰੰਤ ਨੁਕਸਾਨ ਦੀ ਰਿਪੋਰਟ ਭੇਜਣ ਅਤੇ ਮੁਆਵਜ਼ਾ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਨੇ। ਉਨ੍ਹਾਂ ਨੇ ਕਿਸਾਨਾਂ ਨੂੰ ਕਣਕ ਦੀ ਫ਼ਸਲ ਨੂੰ ਅੱਗ ਤੋਂ ਬਚਾਉਣ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਤਾਂ ਜੋ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ। ਜ਼ਿਕਰਯੋਗ ਏ ਕਿ ਪਿੰਡ ਸੰਧਵਾਂ ਵਿੱਚ ਲਗਭਗ 8 ਏਕੜ ਕਣਕ ਦੀ ਫ਼ਸਲ ਅਤੇ ਕੋਠੇ ਗੱਜਣ ਸਿੰਘ ਵਿੱਚ ਲਗਭਗ 10 ਏਕੜ ਕਣਕ ਦੀ ਫ਼ਸਲ ਅੱਗ ਲੱਗਣ ਕਾਰਨ ਤਬਾਹ ਹੋ ਗਈ।

---------------------------------------------------------------

IPL ਕ੍ਰਿਕੇਟ ਵਿੱਚ, ਅੱਜ ਬੈਂਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ, Royal ਚੈਲੇਂਜਰਜ਼ ਬੈਂਗਲੁਰੂ ਦਾ ਮੁਕਾਬਲਾ ਲਖਨਊ ਸੁਪਰ Giants ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------